## ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਫਾਜ਼ਿਲਕਾ



**ਆਜ਼ਾਦੀ ਦੀ 75ਵੀਂ ਵਰ੍ਹੇਗੰਢ ਧੂਮ ਧਾਮ ਨਾਲ ਮਨਾਈ ਜਾਵੇਗੀ -ਡਿਪਟੀ ਕਮਿਸ਼ਨਰ**

**-ਤਿਆਰੀਆਂ ਸਬੰਧੀ ਅਧਿਕਾਰੀਆਂ ਨਾਲ ਕੀਤੀ ਵਰਚੂਅਲ ਮੀਟਿੰਗ**

ਫ਼ਾਜ਼ਿਲਕਾ, 27 ਅਪ੍ਰੈਲ

ਦੇਸ਼ ਦੀ 75ਵੀਂ ਆਜ਼ਾਦੀ ਵਰ੍ਹੇਗੰਢ ਪੂਰੇ ਮੁਲਕ ਵਿੱਚ ਧੂਮਧਾਮ ਨਾਲ ਮਨਾਈ ਜਾ ਰਹੀ ਹੈ । ਇਸੇ ਲੜੀ ਤਹਿਤ ਫ਼ਾਜਲਿਕਾ ਜ਼ਿਲ੍ਹੇ ਵਿੱਚ ਵੀ 75 ਹਫ਼ਤਿਆਂ ਤਕ ਵੱਖ ਵੱਖ ਸਮਾਗਮ ਕੀਤੇ ਜਾਣਗੇ ।ਇਸ ਸਬੰਧੀ ਅੱਜ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਵਰਚੁਅਲ ਬੈਠਕ ਕੀਤੀ ।

ਬੈਠਕ ਦੌਰਾਨ ਡਿਪਟੀ ਕਮਿਸ਼ਨਰ ਸ. ਅਰਵਿੰਦਪਾਲ ਸਿੰਘ ਸੰਧੂ ਨੇ ਕਿਹਾ ਕਿ ਦੇਸ਼ ਪੂਰੇ ਜੋਸ਼, ਜਨੂੰਨ ਅਤੇ ਗੌਰਵ ਨਾਲ ਆਪਣੀ 75ਵੀਂ ਆਜ਼ਾਦੀ ਵਰ੍ਹੇਗੰਢ ਮਨਾਏਗਾ ਅਤੇ ਇਸ ਸੰਬੰਧੀ ਫ਼ਾਜਲਿਕਾ ਜਲ੍ਹਿ ਵਿਚ ਵੀ ਵੱਖ ਵੱਖ ਵਿਭਾਗਾਂ ਵੱਲੋਂ ਸਮਾਗਮ ਕਰਕੇ ਦੇਸ਼ ਦੇ ਆਜ਼ਾਦੀ ਘੁਲਾਟੀਆਂ ਨੂੰ ਯਾਦ ਕੀਤਾ ਜਾਵੇਗਾ ।ਉਨ੍ਹਾਂ ਨੇ ਸਾਰੇ ਵਿਭਾਗਾਂ ਨੂੰ ਇਸ ਸਬੰਧੀ ਆਪਣੀ ਹਫ਼ਤਾਵਾਰੀ ਪ੍ਰੋਗਰਾਮਾਂ ਦੀ ਯੋਜਨਾਬੰਦੀ ਉਲੀਕ ਕੇ ਸੂਚਿਤ ਕਰਨ ਲਈ ਕਿਹਾ।ਉਨ੍ਹਾਂ ਕਿਹਾ ਕਿ ਇਨ੍ਹਾਂ ਸਮਾਗਮਾਂ ਦੌਰਾਨ ਵਿਭਾਗਾਂ ਦੀਆਂ ਪ੍ਰਾਪਤੀਆਂ ਅਤੇ ਸਰਕਾਰ ਦੀਆਂ ਪਾਲਿਸੀ ਪਹਿਲਕਦਮੀਆਂ ਦਾ ਪ੍ਰਗਟਾਵਾ ਝਲਕਣਾ ਚਾਹੀਦਾ ਹੈ ।ਇਨ੍ਹਾਂ ਸਮਾਗਮਾਂ ਵਿੱਚ ਸਮਾਜਿਕ ਭਾਗੀਦਾਰੀ ਵੀ ਯਕੀਨੀ ਬਣਾਈ ਜਾਵੇ ਤਾਂਕੀ ਆਮ ਲੋਕਾਂ ਨੂੰ ਵੀ ਇਨ੍ਹਾਂ ਆਜ਼ਾਦੀ ਜਸ਼ਨਾਂ ਵਿਚ ਸ਼ਾਮਲ ਕੀਤਾ ਜਾ ਸਕੇ ।ਉਨ੍ਹਾਂ ਕਿਹਾ ਕਿ ਹਰੇਕ ਵਿਭਾਗ ਆਪਣੀਆਂ ਗਤੀਵਿਧੀਆਂ ਦਾ ਸਪਤਾਹਿਕ ਥੀਮ ਵੀ ਤਿਆਰ ਕਰੇਗਾ ਅਤੇ ਉਸੇ ਅਨੁਸਾਰ ਹਫ਼ਤਾ ਪਰ ਉਸ ਵਿਭਾਗ ਦੀਆਂ ਗਤੀਵਿਧੀਆਂ ਉਸੇ ਥੀਮ ਤੇ ਕੇਂਦਰਤ ਰਹਿਣਗੀਆਂ ।ਇਸ ਤੋਂ ਬਿਨਾਂ ਸਮਾਜਿਕ ਅਤੇ ਸੱਭਿਆਚਾਰਕ ਸਮਾਗਮ ਵੀ ਹੋਣਗੇ ਅਤੇ ਵਿਭਾਗਾਂ ਦੀਆਂ ਵਿਗਿਆਨਕ ਪ੍ਰਾਪਤੀਆਂ ਵੀ ਇਨ੍ਹਾਂ ਜਸ਼ਨਾਂ ਵਿੱਚ ਪ੍ਰਦਰਸ਼ਿਤ ਕੀਤੀਆਂ ਜਾਣਗੀਆਂ ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਤੇ ਸਹਾਇਕ ਕਮਿਸ਼ਨਰ ਜਨਰਲ ਇਨ੍ਹਾਂ ਸਮਾਗਮਾਂ ਤੇ ਜ਼ਿਲ੍ਹੇ ਵਿਚ ਓਵਰਆਲ ਇੰਚਾਰਜ ਹੋਣਗੇ ।

ਬੈਠਕ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੁਲਸ ਵਿਭਾਗ ਵੱਲੋਂ ਸਵੈ ਰੱਖਿਆ ਸਬੰਧੀ ਇਸ ਦੌਰਾਨ ਲੜਕੀਆਂ ਨੂੰ ਸਿਖਲਾਈ ਦਿੱਤੀ ਜਾਵੇਗੀ ਜਦਕਿ ਦਿਹਾਤੀ ਵਿਕਾਸ ਵਿਭਾਗ ਪੇਂਡੂ ਖੇਡਾਂ ਦੇ ਮੁਕਾਬਲੇ ਕਰਵਾਏਗਾ।ਸਿੱਖਿਆ ਵਿਭਾਗ ਵੱਲੋਂ ਬੈਠਕ ਵਿਚ ਦੱਸਿਆ ਗਿਆ ਕਿ ਉਨ੍ਹਾਂ ਨੂੰ ਐੱਸ. ਸੀ. ਈ. ਆਰ. ਟੀ. ਵੱਲੋਂ ਸਾਲ ਭਰ ਦਾ ਗਤੀਵਿਧੀ ਕੈਲੰਡਰ ਪ੍ਰਾਪਤ ਹੋ ਗਿਆ ਹੈ ਜਿਸ ਅਨੁਸਾਰ ਵਿਭਾਗ ਵੱਲੋਂ ਵਿਦਿਆਰਥੀਆਂ ਦੇ ਵੱਖ ਵੱਖ ਤਰ੍ਹਾਂ ਦੇ ਸਕੂਲ, ਬਲਾਕ, ਜ਼ਿਲ੍ਹਾ ਅਤੇ ਰਾਜ ਪੱਧਰ ਤੇ ਮੁਕਾਬਲੇ ਕਰਵਾਏ ਜਾਣਗੇ ਤਾਂ ਜੋ ਸਾਡੀ ਨਵੀਂ ਪੀੜ੍ਹੀ ਨੂੰ ਆਜ਼ਾਦੀ ਅਤੇ ਲੋਕਤੰਤਰ ਦਾ ਮਹੱਤਵ ਸਮਝਾਇਆ ਜਾ ਸਕੇ ।ਇਸ ਮੌਕੇ ਡਿਪਟੀ ਕਮਿਸ਼ਨਰ ਨੇ ਬਾਕੀ ਵਿਭਾਗਾਂ ਨੂੰ ਵੀ ਆਪਣਾ ਗਤੀਵਿਧੀ ਕੈਲੰਡਰ ਤਿਆਰ ਕਰਨ ਦੀ ਹਦਾਇਤ ਕੀਤੀ ।

ਇਸ ਬੈਠਕ ਵਿੱਚ ਹੋਰਨਾਂ ਤੋਂ ਇਲਾਵਾ ਏ ਡੀ ਸੀ (ਡੀ) ਸ੍ਰੀ ਨਵਲ ਰਾਮ, ਸਹਾਇਕ ਕਮਿਸ਼ਨਰ ਜਨਰਲ ਸ੍ਰੀ ਕੰਵਰਜੀਤ ਸਿੰਘ ਨੇ ਵੀ ਆਨਲਾਈਨ ਸ਼ਿਰਕਤ ਕੀਤੀ ।



**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ**

**ਕੋਰੋਨਾ ਮਹਾਂਮਾਰੀ ਨੂੰ ਫੈਲਣ ਤੋਂ ਰੋਕਣ ਲਈ ਜ਼ਿਲਾ ਮੈਜਿਸਟ੍ਰੇਟ ਵੱਲੋਂ ਨਵੇਂ ਹੁਕਮ ਜਾਰੀ**

*** ਸ਼ਾਮ 6 ਵਜੇ ਤੋਂ ਅਗਲੀ ਸਵੇਰ ਦੇ 5 ਵਜੇ ਤੱਕ ਗੈਰ-ਜ਼ਰੂਰੀ ਗਤੀਵਿਧੀਆਂ ‘ਤੇ ਪਾਬੰਦੀ**

*** ਦੁਕਾਨਾਂ ਬੰਦ ਕਰਨ ਦਾ ਸਮਾਂ ਸ਼ਾਮ 5 ਵਜੇ**



ਫਾਜਿਲ਼ਕਾ, 27 ਅਪ੍ਰੈਲ :

ਕੋਵਿਡ-19 ਤੋਂ ਬਚਾਅ ਦੇ ਮੱਦੇਨਜ਼ਰ ਪੰਜਾਬ ਸਰਕਾਰ ਵੱਲੋਂ ਪਹਿਲਾਂ ਤੋਂ ਜਾਰੀ ਦਿਸ਼ਾ ਨਿਰਦੇਸ਼ਾਂ ਦੀ ਲਗਾਤਾਰਤਾ ਵਿੱਚ ਜਾਰੀ ਕੀਤੇ ਹੋਰ ਹੁਕਮਾਂ ਦੀ ਪਾਲਣਾ ਕਰਦਿਆਂ ਜ਼ਿਲਾ ਮੈਜਿਸਟਰੇਟ ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਨਵੇਂ ਪਾਬੰਦੀ ਹੁਕਮ ਜਾਰੀ ਕੀਤੇ ਹਨ।

ਇਨਾਂ ਹੁਕਮਾਂ ਤਹਿਤ ਮਾਲਜ਼ ਅਤੇ ਮਲਟੀਪਲੈਕਸ ਆਦਿ ਵਿੱਚ ਸਥਿਤ ਦੁਕਾਨਾਂ ਸਮੇਤ ਸਾਰੀਆਂ ਦੁਕਾਨਾਂ ਰੋਜ਼ਾਨਾ ਸ਼ਾਮ 5 ਵਜੇ ਬੰਦ ਕਰਨੀਆਂ ਲਾਜ਼ਮੀ ਹੋਣਗੀਆਂ ਪਰ ਹੋਮ ਡਲੀਵਰੀ ਰਾਤ 9 ਵਜੇ ਤੱਕ ਕੀਤੀ ਜਾ ਸਕਦੀ ਹੈ।

ਰਾਤ ਦਾ ਕਰਫਿਊ ਜੋ ਕਿ ਪਹਿਲਾਂ ਰਾਤ 8 ਵਜੇ ਤੋਂ ਸਵੇਰੇ 5 ਵਜੇ ਤੱਕ ਲਾਗੂ ਸੀ, ਹੁਣ ਨਵੇਂ ਹੁਕਮਾਂ ਮੁਤਾਬਕ ਰੋਜ਼ਾਨਾ ਸ਼ਾਮ 6 ਵਜੇ ਤੋਂ ਅਗਲੀ ਸਵੇਰ 5 ਵਜੇ ਤੱਕ ਜਾਰੀ ਰਹੇਗਾ ਤਾਂ ਜੋ ਗੈਰ ਜ਼ਰੂਰੀ ਗਤੀਵਿਧੀਆਂ ‘ਤੇ ਰੋਕ ਲੱਗ ਸਕੇ। ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਹਫ਼ਤਾਵਾਰੀ ਕਰਫਿਊ ਦਾ ਸਮਾਂ ਸ਼ਨੀਵਾਰ ਸਵੇਰੇ 5 ਵਜੇ ਤੋਂ ਸੋਮਵਾਰ ਸਵੇਰੇ 5 ਵਜੇ ਤੱਕ ਹੋਵੇਗਾ ਪਰ ਜ਼ਰੂਰੀ ਗਤੀਵਿਧੀਆਂ ਨੂੰ ਇਸ ਕਰਫਿਊ ਤੋਂ ਛੂਟ ਰਹੇਗੀ।

ਸਾਰੇ ਪ੍ਰਾਈਵੇਟ ਦਫ਼ਤਰ ਸਮੇਤ ਸਰਵਿਸ ਇੰਡਸਟਰੀ ਨੂੰ ਸਿਰਫ਼ ਘਰ ਤੋਂ ਹੀ ਕੰਮ ਕਰਨ ਦੀ ਪ੍ਰਵਾਨਗੀ ਹੋਵੇਗੀ।

ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਕੋਵਿਡ ਦੌਰਾਨ ਲੋਕਾਂ ਦੀਆਂ ਰੋਜ਼ਾਨਾ ਦੀਆਂ ਜ਼ਰੂਰਤਾਂ ਦੇ ਮੱਦੇਨਜ਼ਰ ਕੁਝ ਜ਼ਰੂਰੀ ਸੇਵਾਵਾਂ ਵਿੱਚ ਛੂਟ ਦਿੱਤੀ ਗਈ ਹੈ ਜਿਨਾਂ ਵਿੱਚ ਕੈਮਿਸਟ ਦੀਆਂ ਦੁਕਾਨਾਂ ਅਤੇ ਹੋਰ ਜ਼ਰੂਰੀ ਵਸਤਾਂ ਜਿਵੇਂ ਦੁੱਧ, ਡੇਅਰੀ ਪ੍ਰੋਡਕਟਸ, ਸਬਜ਼ੀਆਂ ਅਤੇ ਫਲ ਆਦਿ ਦੀਆਂ ਵਿਕਰੀ ਸੇਵਾਵਾਂ ਨੂੰ ਇਸ ਕਰਫਿਊ ਦੌਰਾਨ ਛੂਟ ਹੋਵੇਗੀ। ਇਸ ਤੋਂ ਇਲਾਵਾ ਉਤਪਾਦਨ ਨਾਲ ਸਬੰਧਤ ਉਦਯੋਗ ਅਤੇ ਇਸ ਸਮਾਨ ਦੀ ਢੋਆ ਢੁਆਈ ਲਈ ਕਾਰਜਸ਼ੀਲ ਮੁਲਾਜ਼ਮਾਂ ਜਾਂ ਲੇਬਰ ਨੂੰ ਆਉਣ ਜਾਣ ਦੀ ਆਗਿਆ ਹੋਵੇਗੀ ਪਰ ਸਬੰਧਤ ਉਦਯੋਗ ਅਜਿਹੇ ਮੁਲਾਜ਼ਮਾਂ ਤੇ ਮਜ਼ਦੂਰਾਂ ਨੂੰ ਇਸ ਮੰਤਵ ਲਈ ਲੋੜੀਂਦਾ ਪ੍ਰਵਾਨਗੀ ਪੱਤਰ ਜਾਰੀ ਕਰੇਗਾ।

ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਹਵਾਈ, ਰੇਲ ਗੱਡੀਆਂ ਅਤੇ ਬੱਸਾਂ ਆਦਿ ਵਿੱਚ ਯਾਤਰਾ ਕਰਨ ਵਾਲੀਆਂ ਸਵਾਰੀਆਂ ਨੂੰ ਇਸ ਕਰਫਿਊ ਦੌਰਾਨ ਛੂਟ ਦਿੱਤੀ ਗਈ ਹੈ। ਇਸ ਤੋਂ ਇਲਾਵਾ ਸ਼ਹਿਰੀ ਅਤੇ ਪੇਂਡੂ ਇਲਾਕਿਆਂ ਵਿੱਚ ਹੋਣ ਵਾਲੇ ਉਸਾਰੀ ਕਾਰਜਾਂ ਨੂੰ ਵੀ ਛੂਟ ਦਿੱਤੀ ਗਈ ਹੈ। ਕਣਕ ਦੇ ਖਰੀਦ ਕਾਰਜਾਂ ਦੇ ਨਾਲ ਨਾਲ ਖੇਤੀਬਾੜੀ, ਬਾਗਬਾਨੀ, ਪਸ਼ੂ ਪਾਲਣ ਅਤੇ ਵੈਟਰਨਰੀ ਸੇਵਾਵਾਂ, ਈ-ਕਾਮਰਸ ਅਤੇ ਸਾਰੀਆਂ ਵਸਤਾਂ ਦੀ ਆਵਾਜਾਈ ਤੋਂ ਇਲਾਵਾ ਲੋਕਾਂ ਦੀ ਸੁਵਿਧਾ ਲਈ ਲਗਾਏ ਜਾ ਰਹੇ ਟੀਕਾਕਰਨ ਕੈਂਪਾਂ ਨੂੰ ਕਰਫਿਊ ਦੌਰਾਨ ਛੂਟ ਦਿੱਤੀ ਗਈ ਹੈ।

ਜ਼ਿਲਾ ਮੈਜਿਸਟਰੇਟ ਨੇ ਹਦਾਇਤ ਕੀਤੀ ਹੈ ਕਿ ਨੈਸ਼ਨਲ ਡਾਇਰੈਕਟਿਵਜ਼ ਫਾਰ ਕੋਵਿਡ-19 ਮੈਨੇਜਮੈਂਟ ਗਾਈਡਲਾਇਨਜ਼, ਐਸ.ਓ.ਪੀ. (ਸਟੈਂਡਰਡ ਆਪਰੇਟਿੰਗ ਪ੍ਰੋਸੀਜ਼ਰ) ਅਤੇ ਪੰਜਾਬ ਸਰਕਾਰ ਵੱਲੋਂ ਕੋਵਿਡ ਤੋਂ ਬਚਾਅ ਲਈ ਜਾਰੀ ਹੁਕਮਾਂ ਨੂੰ ਸਖ਼ਤੀ ਨਾਲ ਲਾਗੂ ਕਰਵਾਉਣਾ ਯਕੀਨੀ ਬਣਾਇਆ ਜਾਵੇ। ਉਨਾਂ ਕਿਹਾ ਕਿ ਘੱਟੋ-ਘੱਟ 6 ਫੁੱਟ ਦੀ ਦੂਰੀ, ਬਾਜ਼ਾਰਾਂ ਅਤੇ ਪਬਲਿਕ ਟਰਾਂਸਪੋਰਟ ਵਿੱਚ ਇੱਕਠ ਨੂੰ ਕੰਟਰੋਲ ‘ਚ ਰੱਖਣਾ, ਮਾਸਕ ਪਾ ਕੇ ਰੱਖਣਾ ਤੇ ਜਨਤਕ ਥਾਵਾਂ ‘ਤੇ ਨਾ ਥੁੱਕਣਾ ਅਦਿ ਨੂੰ ਲਾਗੂ ਕਰਵਾਉਣਾ ਯਕੀਨੀ ਬਣਾਇਆ ਜਾਵੇ।

ਜ਼ਿਲਾ ਮੈਜਿਸਟਰੇਟ ਨੇ ਦੱਸਿਆ ਕਿ ਇਨਾਂ ਹਦਾਇਤਾਂ ਦੀ ਉਲੰਘਣਾ ਕਰਨ ਵਾਲੇ ਵਿਰੁੱਧ ਡਿਜਾਸਟਰ ਮੈਨੇਜਮੈਂਟ ਐਕਟ 2005 ਦੀ ਧਾਰਾ 51 ਤੋਂ 60 ਸਜ਼ਾਯੋਗ ਹੋਵੇਗੀ ਅਤੇ ਉਲੰਘਣਾ ਕਰਨ ਵਾਲਿਆਂ ਖਿਲਾਫ਼ ਆਈ.ਪੀ.ਸੀ. (ਭਾਰਤੀ ਦੰਡਾਵਲੀ) ਦੀ ਧਾਰਾ 188 ਅਧੀਨ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ**

**24 ਘੰਟਿਆਂ ਵਿਚ 158 ਨੇ ਹਰਾਇਆ ਕਰੋਨਾ, 256 ਨਵੇਂ ਕੇਸ, 6 ਮੌਤਾਂ**

**ਡਿਪਟੀ ਕਮਿਸ਼ਨਰ ਵੱਲੋਂ ਲੋਕਾਂ ਨੂੰ ਗੈਰ ਜਰੂਰੀ ਕੰਮਾਂ ਲਈ ਘਰਾਂ ਤੋਂ ਬਾਹਰ ਨਾ ਨਿਕਲਣ ਦੀ ਅਪੀਲ**

**ਟੀਕਾਕਰਨ ਕਰਵਾਉਣ ਦਾ ਸੱਦਾ**

ਫਾਜਿਲ਼ਕਾ, 27 ਅਪ੍ਰੈਲ :

ਫਾਜ਼ਿਲਕਾ ਜ਼ਿਲੇ ਵਿਚ ਪਿੱਛਲੇ 24 ਘੰਟਿਆਂ ਦੌਰਾਨ 158 ਲੋਕਾਂ ਨੇ ਕਰੋਨਾ ਨੂੰ ਮਾਤ ਦਿੱਤੀ ਹੈ ਜਦ ਕਿ 256 ਨਵੇਂ ਕੇਸ ਸਾਹਮਣੇ ਆਏ ਹਨ। ਪਿੱਛਲੇ 24 ਘੰਟਿਆਂ ਵਿਚ ਜ਼ਿਲੇ ਵਿਚ 6 ਮੌਤਾਂ ਦਾ ਵੀ ਦੁੱਖਦ ਸਮਾਚਾਰ ਹੈ। ਇਹ ਜਾਣਕਾਰੀ ਜ਼ਿਲੇ ਦੇ ਡਿਪਟੀ ਕਮਿਸ਼ਨਰ ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਦਿੱਤੀ ਹੈ।

ਡਿਪਟੀ ਕਮਿਸ਼ਨਰ ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਕਰੋਨਾ ਦੇ ਵਰਤਮਾਨ ਹਲਾਤਾਂ ਦੇ ਮੱਦੇਨਜਰ ਜ਼ਿਲਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਗੈਰ ਜਰੂਰੀ ਕੰਮਾਂ ਲਈ ਘਰ ਤੋਂ ਬਾਹਰ ਨਾ ਨਿਕਲੋ। ਜੇਕਰ ਘਰ ਤੋਂ ਬਾਹਰ ਜਾਣਾ ਵੀ ਪਵੇ ਤਾਂ ਮਾਸਕ ਲਗਾ ਕੇ ਰੱਖੋ, ਭੀੜ ਤੋਂ ਦੂਰ ਰਹੋ ਅਤੇ ਵਾਰ ਵਾਰ ਸਾਬਣ ਨਾਲ ਆਪਣੇ ਹੱਥ ਧੋਵੋ। ਉਨਾਂ ਨੇ ਕਿਹਾ ਕਿ ਸਮਾਜਿਕ ਦੂਰੀ ਅਤੇ ਮਾਸਕ ਇਸ ਬਿਮਾਰੀ ਦੇ ਪਸਾਰ ਨੂੰ ਰੋਕ ਸਕਦੇ ਹਨ। ਉਨਾਂ ਨੇ ਬਜੁਰਗਾਂ ਅਤੇ ਬੱਚਿਆਂ ਨੂੰ ਬਿਲਕੁਲ ਵੀ ਘਰ ਤੋਂ ਬਾਹਰ ਨਾ ਜਾਣ ਲਈ ਅਪੀਲ ਕੀਤੀ ਹੈ। ਉਨਾਂ ਨੇ ਕਿਹਾ ਕਿ ਲੋਕ ਪ੍ਰਸ਼ਾਸਨ ਦਾ ਸਹਿਯੋਗ ਕਰਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕੋਵਿਡ ਦੀ ਰੋਕਥਾਮ ਦਾ ਦੂਜਾ ਤਰੀਕਾ ਵੈਕਸੀਨ ਹੈ। ਜ਼ਿਲੇ ਵਿਚ 137 ਥਾਂਵਾਂ ਤੇ ਵੈਕਸੀਨ ਲੱਗ ਰਹੀ ਹੈ ਅਤੇ ਸਰਕਾਰ ਵੱਲੋਂ ਇਹ ਮੁਫ਼ਤ ਲਗਾਈ ਜਾ ਰਹੀ ਹੈ। ਇਹ ਪੂਰੀ ਤਰਾਂ ਸੁਰੱਖਿਅਤ ਹੈ। ਉਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ 45 ਸਾਲ ਤੋਂ ਵੱਡੀ ਉਮਰ ਦੇ ਸਾਰੇ ਲੋਕ ਵੈਕਸੀਨ ਜਰੂਰ ਲਗਵਾਉਣ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲੇ ਵਿਚ ਹੁਣ ਤੱਕ ਕੁੱਲ 6976 ਲੋਕ ਕੋਵਿਡ ਪਾਜਿਟਿਵ ਆਏ ਹਨ ਅਤੇ ਇੰਨਾਂ ਵਿਚੋਂ 5363 ਠੀਕ ਹੋ ਕੇ ਘਰਾਂ ਨੂੰ ਪਰਤ ਚੁੱਕੇ ਹਨ ਜਦ ਕਿ 1491 ਇਸ ਸਮੇਂ ਐਕਟਿਵ ਕੇਸ ਹਨ। ਜਦ ਕਿ ਜ਼ਿਲੇ ਵਿਚ 122 ਮੌਤਾਂ ਹੋਈਆਂ ਹਨ। ਉਨਾਂ ਨੇ ਕਿਹਾ ਕਿ ਜਿਸ ਕਿਸੇ ਨੂੰ ਵੀ ਕੋਵਿਡ ਦੇ ਲੱਛਣ ਹੋਣ ਉਹ ਬਿਨਾਂ ਦੇਰੀ ਆਪਣਾ ਟੈਸਟ ਕਰਵਾ ਲਏ ਕਿਉਂਕਿ ਸਮੇਂ ਸਿਰ ਬਿਮਾਰੀ ਦਾ ਪਤਾ ਲੱਗਣ ਤੇ 100 ਫੀਸਦੀ ਇਸਤੋਂ ਠੀਕ ਹੋਇਆ ਜਾ ਸਕਦਾ ਹੈ।